ਰਾਜਾਸ੍ਰਮ ਮਿਤਿ ਨਹੀ ਜਾਨੀ ਤੇਰੀ ॥ ਤੇਰੇ ਸੰਤਨ ਕੀ ਹਉ ਚੇਰੀ ॥ ੧॥ ਰਹਾਉ ॥ ਹਸਤੋ ਜਾਇ ਸੁ ਰੋਵਤੁ ਆਵੈ ਰੋਵਤੁ ਜਾਇ ਸੁ ਹਸੈ ॥ ਬਸਤੋ ਹੋਇ ਹੋਇ ਸੋੁ ਊਜਰੁ ਊਜਰੁ ਹੋਇ ਸੁ ਬਸੈ ॥੨॥ ਜਲ ਤੇ ਥਲ ਕਰਿ ਥਲ ਤੇ ਕੂਆ ਕੂਪ ਤੇ ਮੇਰੁ ਕਰਾਵੈ ॥ ਧਰਤੀ ਤੇ ਆਕਾਸਿ ਚਢਾਵੈ ਚਢੇ ਅਕਾਸਿ ਗਿਰਾਵੈ ॥੨॥ ਭੇਖਾਰੀ ਤੇ ਰਾਜੁ ਕਰਾਵੈ ਰਾਜਾ ਤੇ ਭੇਖਾਰੀ ॥ ਖਲ ਮੂਰਖ ਤੇ ਪੰਡਿਤੁ ਕਰਿਬੋ ਪੰਡਿਤ ਤੇ ਮੁਗਧਾਰੀ ॥੩॥ ਨਾਰੀ ਤੇ ਜੋ ਪੁਰਖੁ ਕਰਾਵੈ ਪੁਰਖਨ ਤੇ ਜੋ ਨਾਰੀ ॥ ਕਹੁ ਕਬੀਰ ਸਾਧੂ ਕੋ ਪ੍ਰੀਤਮੁ ਤਿਸੁ ਮੂਰਤਿ ਬਲਿਹਾਰੀ ॥੪॥੨॥ {ਪੰਨਾ 1252}

ਪਦ ਅਰਥ:- ਰਾਜਾਸ੍ਰਮ—ਰਾਜ-ਆਸ੍ਰਮ (ਰਾਜ—ਵੱਡਾ, ਉੱਚਾ। ਆਸ੍ਰਮ—ਅਸਥਾਨ, ਮਹੱਲ, ਟਿਕਾਣਾ) ਹੇ ਉੱਚੇ ਅਸਥਾਨ ਵਾਲੇ ਪ੍ਰਭੂ! ਮਿਤਿ—ਅੰਦਾਜ਼ਾ, ਮਾਪ, ਅੰਤ। ਹਉ—ਮੈਂ। ਚੇਰੀ—ਦਾਸੀ।1। ਰਹਾਉ।

ਹਸਤੋ—ਹੱਸਦਾ। ਬਸਤੋ—ਵੱਸਦਾ। ਊਜਰੁ—ਉਜਾੜ। ਸੁ—ਉਹ (ਥਾਂ)। ਬਸੈ—ਵੱਸ ਪੈਂਦਾ ਹੈ।1।

ਕੂਆ—ਖੂਹ। ਕੂਪ—ਖੂਹ। ਮੇਰੁ—ਪਰਬਤ।2।

ਭੇਖਾਰੀ—ਮੰਗਤਾ। ਰਾਜੁ—ਹਕੂਮਤ, ਬਾਦਸ਼ਾਹੀ। ਖਲ—ਕੁੰਢ, ਮੂੜ੍ਹ। ਕਰਿਬੋ—ਕਰ ਦੇਂਦਾ ਹੈ (ਕਰ ਦੇਵੇਗਾ)। ਮੁਗਧਾਰੀ—ਮੂਰਖ।3।

ਕਰਾਵੈ—ਪੈਦਾ ਕਰਾਉਂਦਾ ਹੈ। ਪੁਰਖਨ ਤੇ—ਮਨੁੱਖਾਂ ਤੋਂ।4।

ਨੋਟ:- ਨਾਰੀ ਤੋਂ ਪੁਰਖ ਪੈਦਾ ਕਰਨ ਅਤੇ ਪੁਰਖ ਤੋਂ ਨਾਰੀ ਪੈਦਾ ਕਰਨ ਦਾ ਖ਼ਿਆਲ ਗੁਰੂ ਨਾਨਕ ਦੇਵ ਜੀ ਨੇ ਦੱਸਿਆ ਹੈ। ਸਤਿਗੁਰੂ ਜੀ ਭੀ ਅਕਾਲ ਪੁਰਖ ਦੀ ਅਗਾਧ ਕਥਾ ਹੀ ਬਿਆਨ ਕਰਨ ਸਮੇ ਇਹ ਖ਼ਿਆਲ ਪਰਗਟ ਕਰਦੇ ਹਨ:

ਰਾਮਕਲੀ ਮ: 1 ॥ ਸਾਗਰ ਮਹਿ ਬੂੰਦ, ਮਹਿ ਬੂੰਦ ਸਾਗਰੁ, ਕਵਣੁ ਬੁਝੈ ਬਿਧਿ ਜਾਣੈ ॥ ਉਤਭੁਜ ਚਲਤ ਆਪਿ ਕਰਿ ਚੀਨੈ, ਆਪੇ ਤਤੁ ਪਛਾਣੈ ॥1॥ ਐਸਾ ਗਿਆਨੁ ਬੀਚਾਰੈ ਕੋਈ ॥ ਤਿਸ ਤੇ ਮੁਕਤਿ ਪਰਮ ਗਤਿ ਹੋਈ ॥1॥ਰਹਾਉ॥ ਦਿਨ ਮਹਿ ਰੈਣਿ, ਰੈਣਿ ਮਹਿ ਦਿਨੀਅਰੁ, ਉਸਨ ਸੀਤ ਬਿਧਿ ਸੋਈ ॥ ਤਾ ਕੀ ਗਤਿ ਮਿਤਿ ਅਵਰੁ ਨ ਜਾਣੈ, ਗੁਰ ਬਿਨੁ ਸਮਝ ਨ ਹੋਈ ॥2॥ ਪੁਰਖ ਮਹਿ ਨਾਰਿ, ਨਾਰਿ ਮਹਿ ਪੁਰਖਾ, ਬੂਝਹੁ ਬ੍ਰਹਮ ਗਿਆਨੀ ॥ ਧੁਨਿ ਮਹਿ ਧਿਆਨੁ, ਧਿਆਨ ਮਹਿ ਜਾਨਿਆ, ਗੁਰਮੁਖਿ ਅਕਥ ਕਹਾਨੀ ॥3॥ ਮਨ ਮਹਿ ਜੋਤਿ ਜੋਤਿ ਮਹਿ ਮਨੂਆ, ਪੰਚ ਮਿਲੇ ਗੁਰਭਾਈ ॥ ਨਾਨਕ ਤਿਨ ਕੇ ਸਦ ਬਲਿਹਾਰੀ, ਜਿਨ ਏਕ ਸਬਦਿ ਲਿਵ ਲਾਈ ॥4॥9॥ (ਪੰਨਾ 878)

ਅਰਥ:- ਹੇ ਉੱਚੇ ਮਹੱਲ ਵਾਲੇ (ਪ੍ਰਭੂ!) ਮੈਥੋਂ ਤੇਰੀ ਕੁਦਰਤ ਦਾ ਅੰਤ ਨਹੀਂ ਪੈ ਸਕਦਾ, (ਤੇਰੇ ਸੰਤ ਹੀ ਤੇਰੇ ਗੁਣਾਂ ਦਾ ਜ਼ਿਕਰ ਕਰਦੇ ਹਨ; ਸੋ) ਮੈਂ ਤੇਰੇ ਸੰਤਾਂ ਦੀ ਹੀ ਦਾਸੀ ਬਣੀ ਰਹਾਂ (ਇਹੋ ਮੇਰੀ ਤਾਂਘ ਹੈ)।1। ਰਹਾਉ।

(ਅਚਰਜ ਖੇਡ ਹੈ) ਜੋ ਹੱਸਦਾ ਜਾਂਦਾ ਹੈ ਉਹ ਰੋਂਦਾ (ਵਾਪਸ) ਆਉਂਦਾ ਹੈ; ਜੋ ਰੋਂਦਾ ਜਾਂਦਾ ਹੈ ਉਹ ਹੱਸਦਾ ਮੁੜਦਾ ਹੈ। ਜੋ ਕਦੇ ਵੱਸਦਾ (ਨਗਰ) ਹੁੰਦਾ ਹੈ, ਉਹ ਉੱਜੜ ਜਾਂਦਾ ਹੈ, ਤੇ ਉੱਜੜਿਆ ਹੋਇਆ ਥਾਂ ਵੱਸ ਪੈਂਦਾ ਹੈ।1।

(ਹੇ ਭਾਈ! ਪਰਮਾਤਮਾ ਦੀ ਖੇਡ ਅਸਚਰਜ ਹੈ) ਪਾਣੀ (ਨਾਲ ਭਰੇ ਥਾਵਾਂ ਤੋਂ) ਬਰੇਤਾ ਕਰ ਦੇਂਦਾ ਹੈ, ਬਰੇਤੇ ਤੋਂ ਖੂਹ ਬਣਾ ਦੇਂਦਾ ਹੈ, ਅਤੇ ਖੂਹ (ਦੇ ਥਾਂ) ਤੋਂ ਪਹਾੜ ਕਰ ਦੇਂਦਾ ਹੈ। ਜ਼ਮੀਨ ਉਤੇ ਪਏ ਨੂੰ ਅਸਮਾਨ ਉਤੇ ਚਾੜ੍ਹ ਦੇਂਦਾ ਹੈ, ਅਸਮਾਨ ਉਤੇ ਚੜ੍ਹੇ ਨੂੰ ਹੇਠਾਂ ਡੇਗ ਦੇਂਦਾ ਹੈ।2।

ਮੰਗਤੇ (ਨੂੰ ਰਾਜਾ ਬਣਾ ਕੇ ਉਸ) ਤੋਂ ਰਾਜ ਕਰਾਂਦਾ ਹੈ, ਰਾਜੇ ਤੋਂ ਮੰਗਤਾ ਬਣਾ ਦੇਂਦਾ ਹੈ; ਮਹਾਂ ਪੂਰਖ ਤੋਂ ਵਿਦਵਾਨ ਬਣਾ ਦੇਂਦਾ ਹੈ ਅਤੇ ਪੰਡਿਤ ਤੋਂ ਮੂਰਖ ਕਰ ਦੇਂਦਾ ਹੈ।3।

(ਜੋ ਪ੍ਰਭੂ) ਜ਼ਨਾਨੀ ਤੋਂ ਮਰਦ ਪੈਦਾ ਕਰਦਾ ਹੈ, ਮਰਦਾਂ (ਦੀ ਬਿੰਦ) ਤੋਂ ਜੋ ਜ਼ਨਾਨੀਆਂ ਪੈਦਾ ਕਰ ਦੇਂਦਾ ਹੈ, ਹੇ

ਕਬੀਰ! ਆਖ—ਮੈਂ ਉਸ ਸੋਹਣੇ ਸਰੂਪ ਤੋਂ ਸਦਕੇ ਹਾਂ, ਉਹ ਸੰਤ ਜਨਾਂ ਦਾ ਪਿਆਰਾ ਹੈ।4।2।

ਸ਼ਬਦ ਦਾ ਭਾਵ:- ਦੁਨੀਆ ਵਿਚ ਕਦੇ ਸੁਖ ਹੈ ਕਦੇ ਦੁੱਖ। ਨਾਹ ਸੁਖ ਵਿਚ ਅਹੰਕਾਰ ਕਰੇ, ਨਾਹ ਦੁੱਖ ਵਿਚ ਥੱਲੇ ਲਹਿ ਜਾਏ। ਸੁਖ-ਦੁੱਖ ਦਾ ਇਹ ਚੱਕਰ ਪ੍ਰਭੂ ਦੇ ਹੱਥ ਵਿਚ ਹੈ।